**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**13:10 Pm**

**ਮਿਤੀ: 16-03-2025**

ਨਿਊਜੀਲੈਂਡ ਦੇ ਪ੍ਰਧਾਨ ਮੰਤਰੀ ਕ੍ਰਿਸਟੋਫਰ ਲਕਸਨ ਭਾਰਤ ਦੇ ਪੰਜ ਦਿਨਾਂ ਦੇ ਦੌਰੇ ਉੱਤੇ ਅੱਜ ਦੁਪਹਿਰ ਨਵੀਂ ਦਿੱਲੀ ਪਹੁੰਚ ਰਹੇ ਨੇ। ਉਨਾਂ ਦੇ ਨਾਲ ਇਕ ਉੱਚ-ਪੱਧਰੀ ਵਫ਼ਦ ਵੀ ਆ ਰਿਹਾ ਏ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨਿਊਜੀਲੈਂਡ ਦੇ ਪ੍ਰਧਾਨ ਮੰਤਰੀ ਕ੍ਰਿਸਟੋਫਰ ਲਕਸਨ ਨਾਲ ਗੱਲਬਾਤ ਕਰਨਗੇ, ਜਿਸ ਦੌਰਾਨ ਭਾਰਤ-ਨਿਊਜੀਲੈਂਡ ਸਬੰਧਾਂ ਦੇ ਵੱਖ-ਵੱਖ ਪਹਿਲੂਆਂ ਬਾਰੇ ਚਰਚਾ ਕੀਤੀ ਜਾਵੇਗੀ। ਸ੍ਰੀ ਲਕਸਨ 10ਵੇਂ ਰਾਇਸੀਨਾ ਡਾਇਲਾਗ-2025 ਦੇ ਉਦਘਾਟਨੀ ਸੈਸ਼ਨ ਵਿਚ ਮੁੱਖ ਮਹਿਮਾਨ ਹੋਣਗੇ ਤੇ ਸੈਸ਼ਨ ਨੂੰ ਮੁੱਖ ਭਾਸ਼ਣਕਾਰ ਵਜੋਂ ਸੰਬੋਧਨ ਕਰਨਗੇ। ਉਹ ਰਾਸ਼ਟਰਪਤੀ ਭਵਨ ਵਿਚ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨਾਲ ਵੀ ਮੁਲਾਕਾਤ ਕਰਨਗੇ।

---

ਕੇਂਦਰੀ ਕੱਪੜਾ ਮੰਤਰੀ ਗਿਰੀਰਾਜ ਸਿੰਘ ਅੱਜ ਲੁਧਿਆਣਾ ਦੇ ਦੌਰੇ ਉੱਤੇ ਨੇ। ਲੁਧਿਆਣਾ ਪਹੁੰਚਣ 'ਤੇ  ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਰਜਨੀਸ਼ ਧੀਮਾਨ ਤੇ ਹੋਰਨਾਂ ਨੇ ਉਨ੍ਹਾਂ ਦਾ ਸਵਾਗਤ ਕੀਤਾ। ਇਸ ਮੌਕੇ ਸ੍ਰੀ ਧੀਮਾਨ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਵਪਾਰੀਆਂ ਦੀ ਭਲਾਈ ਲਈ ਕਈ ਯੋਜਨਾਵਾਂ ਬਣਾਈਆਂ ਨੇ ਤੇ ਕੇਂਦਰੀ ਮੰਤਰੀ ਗਿਰੀਰਾਜ ਸਿੰਘ ਵਪਾਰੀ ਆਗੂਆਂ ਨਾਲ ਮੁਲਾਕਾਤ ਦੌਰਾਨ ਇਨ੍ਹਾਂ ਯੋਜਨਾਵਾਂ ਬਾਰੇ ਅਹਿਮ ਜਾਣਕਾਰੀ ਸਾਂਝੀ ਕਰਨਗੇ।

---

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ 21 ਮਾਰਚ ਨੂੰ ਪੰਜਾਬ ਵਿਧਾਨ ਸਭਾ ਦਾ ਅੱਠਵਾਂ ਬਜਟ ਸੈਸ਼ਨ ਸੱਦਿਆ ਏ। ਰਾਜਪਾਲ ਦੇ ਭਾਸ਼ਣ ਨਾਲ 11 ਵਜੇ ਬਜਟ ਇਜਲਾਸ ਸ਼ੁਰੂ ਹੋਵੇਗਾ । ਇਹ ਵਿਧਾਨ ਸਭਾ ਦਾ ਅਠਵਾਂ ਬਜਟ ਇਜਲਾਸ ਹੋਵੇਗਾ।

---

ਪੰਜਾਬ ਦੇ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਮੰਤਰੀ

ਲਾਲ ਚੰਦ ਕਟਾਰੂਚੱਕ ਨੇ ਕਿਹਾ ਏ ਕਿ ਕੌਮੀ ਖੁਰਾਕ ਸੁਰੱਖਿਆ ਕਾਨੂੰਨ ਦੇ ਤਹਿਤ ਲਾਭਪਾਤਰੀਆਂ ਦੇ ਸਬੰਧ ਵਿਚ **ਈ-ਕੇ.ਵਾਈ.ਸੀ. ਪ੍ਰਕਿਰਿਆ** ਜਾਰੀ ਏ। ਕੈਬਨਿਟ ਮੰਤਰੀ ਨੇ ਅੱਗੇ ਕਿਹਾ ਏ ਕਿ ਸੂਬੇ ਦੇ ਲੋਕ ਆਪਣੀ ਅਤੇ ਆਪਣੇ ਪਰਿਵਾਰਕ ਮੈਂਬਰਾਂ ਦੀ **ਈ-ਕੇ.ਵਾਈ.ਸੀ.** ਕਰਵਾਉਣ ਲਈ ਆਪਣੇ ਨੇੜਲੇ ਡਿਪੂਆਂ ਵਿਚ ਜਾਣ। **ਈ-ਕੇ.ਵਾਈ.ਸੀ.** ਪ੍ਰਕਿਰਿਆ ਲਈ ਲੋਕਾਂ ਤੋਂ ਕੋਈ ਪੈਸਾ ਨਹੀਂ ਲਿਆ ਜਾਵੇਗਾ ਅਤੇ ਜੇ ਕੋਈ ਉਨ੍ਹਾਂ ਤੋਂ ਪੈਸੇ ਦੀ ਮੰਗ ਕਰਦਾ ਏ ਤਾਂ ਇਸ ਨੂੰ ਤੁਰੰਤ ਵਿਭਾਗ ਦੇ ਧਿਆਨ ਵਿਚ ਲਿਆਂਦਾ ਜਾਵੇ ਤਾਂ ਜੋ ਇਸ ਸਬੰਧ ਵਿਚ ਬਣਦੀ ਕਾਰਵਾਈ ਕੀਤੀ ਜਾ ਸਕੇ।

---------------------------------------------------------------

ਸਰਹੱਦੀ ਸੁਰੱਖਿਆ ਬਲ (BSF) ਨੇ ਅੱਜ ਸਵੇਰੇ ਜ਼ਿਲ੍ਹਾ ਫਾਜ਼ਿਲਕਾ ਦੇ ਪਿੰਡ ਢਾਣੀ ਨੱਥਾ ਸਿੰਘ ਵਾਲਾ ਦੇ ਨਾਲ ਲੱਗਦੇ ਇਕ ਖੇਤ ਵਿੱਚੋਂ 5 ਕਿੱਲੋ ਤੋਂ ਵੱਧ ਵਜ਼ਨ ਵਾਲੇ ਹੈਰੋਇਨ ਦੇ 10 ਪੈਕੇਟ ਬਰਾਮਦ ਕੀਤੇ ਨੇ। BSF ਸੂਤਰਾਂ ਮੁਤਾਬਕ ਇਹ ਕਾਰਵਾਈ ਖੁਫੀਆ ਸੂਚਨਾ ਦੇ ਆਧਾਰ 'ਤੇ ਕੀਤੀ ਗਈ ਏ। ਦੂਜੇ ਪਾਸੇ, ਅੰਮ੍ਰਿਤਸਰ ਦਿਹਾਤੀ ਪੁਲਿਸ ਨੇ

ਦੋ ਹਵਾਲਾ ਸੰਚਾਲਕਾਂ, ਸੁਖਜੀਤ ਸਿੰਘ ਅਤੇ ਰਣਬੀਰ ਸਿੰਘ ਨੂੰ ਗ੍ਰਿਫ਼ਤਾਰ ਕੀਤਾ ਏ, ਜੋ ਕਿ ਨਸ਼ੀਲੇ ਪਦਾਰਥਾਂ ਦੀ ਤਸਕਰੀ ਨਾਲ ਜੁੜੇ ਗੈਰ-ਕਾਨੂੰਨੀ ਵਿੱਤੀ ਲੈਣ-ਦੇਣ ਵਿਚ ਮਦਦ ਕਰ ਰਹੇ ਸਨ। ਦੋਵਾਂ ਦੇ ਕਬਜ਼ੇ ਵਿੱਚੋਂ 17,60,000 ਰੁਪਏ, 4000 ਅਮਰੀਕੀ ਡਾਲਰ ਅਤੇ ਲੈਣ-ਦੇਣ ਰਿਕਾਰਡ ਵਾਲਾ ਲੈਪਟਾਪ ਜ਼ਬਤ ਕੀਤਾ ਗਿਆ ਏ। ਇਹ ਗ੍ਰਿਫ਼ਤਾਰੀਆਂ ਘਰਿੰਡਾ ਵਿਚ ਅੰਮ੍ਰਿਤਸਰ ਦਿਹਾਤੀ ਪੁਲਿਸ ਵੱਲੋਂ ਪਿੱਛੇ ਜਿਹੇ ਜ਼ਬਤ ਕੀਤੀ ਗਈ ਹੈਰੋਇਨ ਦੀ ਚੱਲ ਰਹੀ ਜਾਂਚ ਦਾ ਹਿੱਸਾ ਨੇ, ਜਿੱਥੇ ਮੁਲਜ਼ਮਾਂ ਨੇ ਹਵਾਲਾ, ਵਿੱਤ ਅਤੇ ਹੋਰ ਡਰੱਗ ਸਪਲਾਈ ਕੜੀਆਂ ਨਾਲ ਆਪਣੇ ਸਬੰਧਾਂ ਬਾਰੇ ਕਬੂਲਿਆ ਸੀ।

--------------------------------------------------------

ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਖਾਤਮੇ ਲਈ ਚਲਾਈ ਜਾ ਰਹੀ ਮੁਹਿੰਮ **ਯੁੱਧ ਨਸ਼ਿਆਂ ਵਿਰੁੱਧ** ਤਹਿਤ ਪੁਲਿਸ ਨੇ 5,57 ਥਾਵਾਂ ’ਤੇ ਛਾਪੇਮਾਰੀ ਕੀਤੀ ਏ ਅਤੇ 114 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰ ਕੇ 72 ਐੱਫਆਈਆਰ ਦਰਜ ਕੀਤੀਆਂ ਗਈਆਂ ਨੇ। ਇਸ ਨਾਲ 15 ਦਿਨਾਂ ਵਿਚ ਗ੍ਰਿਫ਼ਤਾਰ ਕੀਤੇ ਗਏ ਕੁਲ ਨਸ਼ਾ ਤਸਕਰਾਂ ਦੀ

ਗਿਣਤੀ 1,936 ਹੋ ਗਈ ਏ। ਪੰਜਾਬ ਵਿਚ ਇੱਕੋ ਸਮੇਂ ਕੀਤੀ ਗਈ ਕਾਰਵਾਈ ਦੌਰਾਨ ਪੁਲਿਸ ਟੀਮਾਂ ਨੇ ਗ੍ਰਿਫ਼ਤਾਰ ਕੀਤੇ ਗਏ ਨਸ਼ਾ ਤਸਕਰਾਂ ਕੋਲੋਂ 945 ਗ੍ਰਾਮ ਹੈਰੋਇਨ, 43 ਕਿੱਲੋ ਭੁੱਕੀ, 3 ਹਜਾਰ 98 ਨਸ਼ੀਲੀਆਂ ਗੋਲੀਆਂ/ਟੀਕੇ ਅਤੇ 76310 ਰੁਪਏ ਦੀ ਨਕਦੀ ਬਰਾਮਦ ਕੀਤੀ ਏ।

---------------------------------------------------------

ਫ਼ਤਹਿਗੜ੍ਹ ਸਾਹਿਬ ਦੀ ਪੁਲਿਸ ਨੇ ਚੋਰ ਗਿਰੋਹ ਦੇ 3 ਮੁਲਜ਼ਮਾਂ ਨੂੰ ਹਿਰਾਸਤ ਵਿਚ ਲਿਆ ਏ ਜੋ ਕਿ ਧਾਰਮਿਕ ਥਾਵਾਂ ਦੇ ਨੇੜਿਓਂ ਮੋਟਰਸਾਈਕਲ ਚੋਰੀ ਕਰ ਕੇ ਅੱਗੇ ਵੇਚਦੇ ਸਨ। ਥਾਣਾ ਫ਼ਤਹਿਗੜ੍ਹ ਸਾਹਿਬ ਦੇ ਸਹਾਇਕ ਥਾਣੇਦਾਰ ਪ੍ਰਿਥਵੀਰਾਜ ਸਿੰਘ ਨੇ ਦੱਸਿਆ ਏ ਕਿ ਕਾਬੂ ਕੀਤੇ ਗਏ 2 ਮੁਲਜ਼ਮ ਕਾਲਜੀਏਟ ਵਿਦਿਆਰਥੀ ਨੇ ਅਤੇ ਧਾਰਮਿਕ ਥਾਵਾਂ ਤੋਂ ਮੋਟਰਸਾਈਕਲ ਚੋਰੀ ਕਰਦੇ ਸਨ ਤੇ ਤੀਜਾ ਸਾਥੀ ਅੱਗੇ ਵੇਚਦਾ ਸੀ। ਮੁਲਜ਼ਮਾਂ ਕੋਲੋਂ ਚੋਰੀ ਦੇ 3 ਮੋਟਰਸਾਈਕਲ ਬਰਾਮਦ ਕੀਤੇ ਗਏ ਨੇ ਹੋਰ ਪੁੱਛ-ਪੜਤਾਲ ਲਈ ਅਦਾਲਤ ਤੋਂ 3 ਦਿਨਾਂ ਦਾ ਰਿਮਾਂਡ ਹਾਸਿਲ ਕੀਤਾ ਗਿਆ ਏ।

---------------------------------------------------------------

ਜ਼ਿਲ੍ਹਾ ਲੁਧਿਆਣਾ ਵਿਚ ਅੱਧੀ ਰਾਤ ਨੂੰ ਬਦਮਾਸ਼ਾਂ ਤੇ ਪੁਲਿਸ ਵਿਚਕਾਰ ਮੁਕਾਬਲਾ ਹੋਇਆ ਏ। ਪੁਲਿਸ ਨੇ ਦੱਸਿਆ ਏ ਕਿ ਬੀਤੀ ਰਾਤ **ਸੀ. ਆਈ. ਏ. ਪੁਲਿਸ ਪਾਰਟੀ ਨੇ** ਦੁਗਰੀ ਇਲਾਕੇ ਵਿਚ ਨਾਕਾਬੰਦੀ ਕੀਤੀ ਹੋਈ ਸੀ। ਇਸ ਦੌਰਾਨ ਉਥੇ ਬਾਈਕ ਉੱਤੇ ਜਾ ਰਹੇ ਦੋ ਨੌਜਵਾਨਾਂ ਨੂੰ ਰੋਕਣ ਦਾ ਯਤਨ ਕੀਤਾ ਤਾਂ ਉਨ੍ਹਾਂ ਨੇ ਉਥੋਂ ਭੱਜਣ ਦੀ ਕੋਸ਼ਿਸ਼ ਕੀਤੀ। ਪੁਲਿਸ ਨੇ ਜਦੋਂ ਨੌਜਵਾਨਾਂ ਦਾ ਪਿੱਛਾ ਕਰਨ ਦੀ ਕੋਸ਼ਿਸ਼ ਕੀਤੀ ਤਾਂ ਉਨ੍ਹਾਂ ਨੇ ਗੋਲੀ ਚਲਾ ਦਿੱਤੀ। ਪੁਲਿਸ ਵੱਲੋਂ ਜਵਾਬੀ ਕਾਰਵਾਈ ਵਿਚ ਬਦਮਾਸ਼ਾਂ ਉੱਤੇ ਗੋਲੀ ਚਲਾਈ ਤਾਂ ਦੋਵੇਂ ਜ਼ਖਮੀ ਹੋ ਗਏ। ਜ਼ਖਮੀ ਹਾਲਤ ਵਿਚ ਦੋਵਾਂ ਨੂੰ ਸਰਕਾਰੀ ਹਸਪਤਾਲ ਵਿਚ ਦਾਖ਼ਲ ਕਰਵਾਇਆ ਗਿਆ ਏ। ਮੁਲਜ਼ਮਾਂ ਦੀ ਪਛਾਣ ਗਗਨਦੀਪ ਸਿੰਘ ਗੱਗੂ ਅਤੇ ਮਨਦੀਪ ਕੁਮਾਰ ਵਜੋਂ ਹੋਈ ਏ।